# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 29-09-2024**

- ਆਕਾਸ਼ਵਾਣੀ 'ਤੇ ਮਨ ਕੀ ਬਾਤ ਦੇ 114ਵੇਂ ਐਪੀਸੋਡ ‘ਚ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਆਉਣ ਵਾਲੇ ਤਿਉਹਾਰਾਂ ਦੇ ਸਮੇਂ ਦੌਰਾਨ ਮੇਡ ਇਨ ਇੰਡੀਆ ਉਤਪਾਦ ਖਰੀਦਣ ਦੀ ਅਪੀਲ ਕੀਤੀ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਮਹਾਰਾਸ਼ਟਰ ਵਿੱਚ 11 ਹਜ਼ਾਰ 200 ਕਰੋੜ ਰੁਪਏ ਤੋਂ ਵੱਧ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ .
- ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਸਾੜ੍ਹਨ ਤੋਂ ਰੋਕਣ ਲਈ ਲਗਾਤਾਰ ਅਪੀਲ ਕੀਤੀ ਜਾ ਰਹੀ ਏ.

- ਸੂਬੇ ਵਿਚ ਨਸ਼ਿਆਂ ਦੇ ਖਾਤਮੇ ਲਈ ਵਿਧੀ ਮੁਹਿੰਮ ਦੌਰਾਨ ਪੰਜਾਬ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ ਅਮ੍ਰਿਤਸਰ ਨੇ ਸਰਹੱਦ ਪਾਰੋਂ ਹੀਰੋਇਨ ਸਕਰੀ ਦੇ ਰੈਕੇਟ ਦਾ ਪਰਦਾਫਾਸ਼ ਕੀਤਾ ਏ .

-------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਿਹਾ ਏ ਕਿ , ਮੇਕ ਇਨ ਇੰਡੀਆ ਪਹਿਲਕਦਮੀ ਕਾਰਨ ਭਾਰਤ ਇੱਕ ਨਿਰਮਾਣ ਪਾਵਰਹਾਊਸ ਬਣ ਗਿਆ ਏ । ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤੋਂ ਗਰੀਬ, ਮੱਧ ਵਰਗ ਅਤੇ MSME ਲਾਭ ਉਠਾ ਰਹੇ ਨੇ ਜਿਸ ਨਾਲ ਹਰ ਵਰਗ ਦੇ ਲੋਕਾਂ ਨੂੰ ਆਪਣਾ ਹੁਨਰ ਦਿਖਾਉਣ ਦਾ ਮੌਕਾ ਮਿਲਿਆ ਏ । ਆਕਾਸ਼ਵਾਣੀ 'ਤੇ ਮਨ ਕੀ ਬਾਤ ਦੇ 114ਵੇਂ ਐਪੀਸੋਡ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਆਉਣ ਵਾਲੇ ਤਿਉਹਾਰਾਂ ਦੇ ਸਮੇਂ ਦੌਰਾਨ ਮੇਡ ਇਨ ਇੰਡੀਆ ਉਤਪਾਦ ਖਰੀਦਣ ਦੀ ਅਪੀਲ ਕੀਤੀ।ਨੌਕਰੀਆਂ ਦੀ ਬਦਲਦੀ ਗਤੀਸ਼ੀਲਤਾ ਵੱਲ ਇਸ਼ਾਰਾ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ, ਨਵੇਂ ਸੈਕਟਰਾਂ ਦੇ ਉਭਰਨ ਨਾਲ ਨੌਕਰੀਆਂ ਦੀ ਪ੍ਰਕਿਰਤੀ ਬਦਲ ਰਹੀ ਏ । ਉਨ੍ਹਾਂ

ਕਿਹਾ ਕਿ, ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਪ੍ਰਤਿਭਾ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਲਈ 'ਕ੍ਰਿਏਟ ਇਨ ਇੰਡੀਆ' ਵਿਸ਼ੇ ਤਹਿਤ 25 ਚੁਣੌਤੀਆਂ ਸ਼ੁਰੂ ਕੀਤੀਆਂ ਨੇ . ਸ਼੍ਰੀ ਮੋਦੀ ਨੇ ਦੇਸ਼ ਦੇ CREATORS ਨੂੰ ਅਪੀਲ ਕੀਤੀ ਕਿ ਉਹ wavesindia.org 'ਤੇ ਜਾ ਕੇ ਚੁਣੌਤੀ ਵਿੱਚ ਹਿੱਸਾ ਲੈਣ.

ਪ੍ਰੋਗਰਾਮ ਦੌਰਾਨ, ਪ੍ਰਧਾਨ ਮੰਤਰੀ ਨੇ ਸਵੱਛ ਭਾਰਤ ਮਿਸ਼ਨ ਦੀ ਸਫਲਤਾ 'ਤੇ ਚਾਨਣਾ ਪਾਇਆ ਜਿਸਦੇ ਇਸ ਸਾਲ 2 ਅਕਤੂਬਰ ਨੂੰ 10 ਸਾਲ ਪੂਰੇ ਹੋਣ ਜਾ ਰਹੇ ਨੇ । ਸ਼੍ਰੀ ਮੋਦੀ ਨੇ ਲੋਕਾਂ ਨੂੰ ਸਵੱਛਤਾ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਦਰਖਤ ਲਾਉਣ ਦੀ ਵੱਡੀ ਮੁਹਿੰਮ 'ਏਕ ਪੇਡ ਮਾਂ ਕੇ ਨਾਮ' ਮੁਹਿੰਮ ਵਿੱਚ ਹਿੱਸਾ ਲੈਣ ਲਈ ਲੋਕਾਂ ਨੂੰ ਉਤਸ਼ਾਹਿਤ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ, ਇਸ ਨਾਲ ਪੂਰੇ ਸਮਾਜ ਲਈ ਸ਼ਾਨਦਾਰ ਨਤੀਜੇ ਨਿਕਲਦੇ ਨੇ ਜੋ ਸੱਚਮੁੱਚ ਪ੍ਰੇਰਨਾਦਾਇਕ ਨੇ . BYTE ਪ੍ਰਧਾਨ ਮੰਤਰੀ ਨੇ ਬਾਰਿਸ਼ ਦੇ ਪਾਣੀ ਦੇ ਸੰਭਾਲ ਦੀ ਅਹਿਮੀਅਤ 'ਤੇ ਵੀ ਚਾਨਣਾ ਪਾਇਆ ਤੇ ਕਿਹਾ ਕਿ ਬਾਰਿਸ਼ ਦੇ ਦਿਨਾਂ 'ਚ ਬਚਾਇਆ ਗਿਆ ਪਾਣੀ, ਪਾਣੀ ਦੀ ਕਮੀ ਵਾਲੇ ਦਿਨਾਂ 'ਚ

ਮਦਦ ਕਰਦਾ ਏ . BYTE ਹਰ ਮਹੀਨੇ ਪ੍ਰਸਾਰਤ ਹੋਣ ਵਾਲੇ ਇਸ ਪ੍ਰੋਗ੍ਰਾਮ ਵਿੱਚ ਪ੍ਰਧਾਨ ਮੰਤਰੀ ਨੇ ਵਿਕਾਸ ਵੀ ਵਿਰਾਸਤ ਵੀ ਦੇ ਮੰਤਰ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਆਪਣੇ ਹਾਲੀਆ ਅਮਰੀਕਾ ਦੌਰੇ ਦੌਰਾਨ ਅਮਰੀਕਾ ਵੱਲੋਂ ਲਗਭਗ 300 ਪ੍ਰਾਚੀਨ ਕਲਾਕ੍ਰਿਤਾਂ ਦੀ ਵਾਪਸੀ ਦਾ ਜ਼ਿਕਰ ਕੀਤਾ BYTE ਪ੍ਰਧਾਨ ਮੰਤਰੀ ਮੋਦੀ ਨੇ ਮਾਂ ਬੋਲੀ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ। ਉਨ੍ਹਾਂ ਭਾਸ਼ਾਵਾਂ ਖਾਸ ਕਰਕੇ ਸੰਥਾਲੀ ਭਾਸ਼ਾ ਨੂੰ ਬਚਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਅੱਜ ਦੀ ਮਨ ਕੀ ਬਾਤ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਇਹ ਐਪੀਸੋਡ ਉਨ੍ਹਾਂ ਲਈ ਵਿਸ਼ੇਸ਼ ਤੌਰ 'ਤੇ ਭਾਵੁਕ ਏ , ਕਿਉਂਕਿ ਪ੍ਰੋਗਰਾਮ 3 ਅਕਤੂਬਰ ਨੂੰ 10 ਸਾਲ ਪੂਰੇ ਕਰ ਰਿਹਾ ਏ । ਪ੍ਰਧਾਨ ਮੰਤਰੀ ਨੇ ਆਲ ਆਕਾਸ਼ਵਾਣੀ, ਦੂਰਦਰਸ਼ਨ, ਅਤੇ ਪ੍ਰਸਾਰ ਭਾਰਤੀ ਨਾਲ ਜੁੜੇ ਲੋਕਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਅਣਥੱਕ ਯਤਨਾਂ ਨਾਲ ਮਨ ਕੀ ਬਾਤ ਇਸ ਅਹਿਮ ਮੀਲ ਪੱਥਰ 'ਤੇ ਪਹੁੰਚਿਆ ਏ . BYTE ਆਪਣੇ ਸੰਬੋਧਨ ਦੀ ਸਮਾਪਤੀ ਕਰਦੇ ਹੋਏ, ਸ਼੍ਰੀ ਮੋਦੀ ਨੇ ਨਰਾਤਿਆਂ ਦੀ

ਸ਼ੁਰੂਆਤ ਕਰਦੇ ਹੋਏ ਆਉਣ ਵਾਲੇ ਤਿਉਹਾਰਾਂ ਲਈ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

-------------------------------------------------------

ਪ੍ਰਸਾਰ ਭਾਰਤੀ ਦੇ ਚੇਅਰਮੈਨ ਨਵਨੀਤ ਸਹਿਗਲ ਨੇ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਸੰਬੋਧਨ ਵਿੱਚ ਪ੍ਰਸਾਰ ਭਾਰਤੀ, ਆਕਾਸ਼ਵਾਣੀ ਅਤੇ ਦੂਰਦਰਸ਼ਨ ਦੀ ਸ਼ਲਾਘਾ ਕਰਨ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸਹਿਗਲ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਦੀ ਪ੍ਰਸ਼ੰਸਾ ਪ੍ਰਸਾਰ ਭਾਰਤੀ, ਦੂਰਦਰਸ਼ਨ ਅਤੇ ਆਕਾਸ਼ਵਾਣੀ ਅਤੇ ਇਸਦੇ ਸਾਰੇ ਮੁਲਾਜ਼ਮਾਂ ਲਈ ਇੱਕ ਪ੍ਰੇਰਣਾ ਏ . ਉਨ੍ਹਾਂ ਕਿਹਾ ਕਿ ਰਾਸ਼ਟਰ ਨਿਰਮਾਣ ਦੇ ਉਨ੍ਹਾਂ ਦੇ ਸੰਕਲਪ ਨੂੰ ਜਨਤਾ ਤੱਕ ਪਹੁੰਚਾਉਣ ਲਈ ਸ਼੍ਰੀ ਮੋਦੀ ਨਾਲ ਜੁੜ ਕੇ ਉਨ੍ਹਾਂ ਨੂੰ ਮਾਣ ਏ। ਪ੍ਰਸਾਰ ਭਾਰਤੀ ਦੇ ਚੇਅਰਮੈਨ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਸੰਦੇਸ਼ ਪੂਰੇ ਪ੍ਰਸਾਰ ਭਾਰਤੀ ਪਰਿਵਾਰ ਵਿੱਚ ਇੱਕ ਨਵੀਂ ਊਰਜਾ ਅਤੇ ਨਵੀਂ ਚੇਤਨਾ ਭਰੇਗਾ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਮਹਾਰਾਸ਼ਟਰ ਵਿੱਚ 11, ਹਜ਼ਾਰ 200 ਕਰੋੜ ਰੁਪਏ ਤੋਂ ਵੱਧ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ, ਉਦਘਾਟਨ ਕੀਤਾ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਵੱਖ-ਵੱਖ ਪ੍ਰੋਜੈਕਟਾਂ ਦਾ ਜ਼ਿਕਰ ਕੀਤਾ ਅਤੇ ਕਿਹਾ ਕਿ ਮਹਾਨ ਸ਼ਖ਼ਸੀਅਤਾਂ ਦੀ ਪ੍ਰੇਰਨਾ ਦੀ ਇਹ ਧਰਤੀ ਮਹਾਰਾਸ਼ਟਰ ਦੇ ਵਿਕਾਸ ਦੇ ਇੱਕ ਨਵੇਂ ਅਧਿਆਏ ਦੀ ਗਵਾਹ ਏ। ਉਨ੍ਹਾਂ ਨੇ ਸੋਲਾਪੁਰ ਹਵਾਈ ਅੱਡੇ ਦੇ ਉਦਘਾਟਨ ਨੂੰ ਭਗਵਾਨ ਵਿੱਠਲ ਦੇ ਸ਼ਰਧਾਲੂਆਂ ਲਈ ਵਿਸ਼ੇਸ਼ ਤੋਹਫ਼ਾ ਕਰਾਰ ਦਿੱਤਾ ਅਤੇ ਕਿਹਾ ਕਿ ਹਵਾਈ ਅੱਡਾ ਕਾਰੋਬਾਰਾਂ, ਸਨਅਤਾਂ ਅਤੇ ਸੈਰ-ਸਪਾਟੇ ਨੂੰ ਵੀ ਹੁਲਾਰਾ ਦੇਵੇਗਾ। ਸ਼੍ਰੀ ਮੋਦੀ ਨੇ ਦੁਹਰਾਇਆ ਕਿ ਆਧੁਨਿਕੀਕਰਨ ਦੇਸ਼ ਦੀਆਂ ਮੂਲ ਕਦਰਾਂ-ਕੀਮਤਾਂ 'ਤੇ ਅਧਾਰਤ ਹੋਣਾ ਚਾਹੀਦਾ ਏ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਆਪਣੇ ਅਮੀਰ ਵਿਰਸੇ ਨੂੰ ਅੱਗੇ ਵਧਾਉਂਦੇ ਹੋਏ ਆਧੁਨਿਕੀਕਰਨ ਅਤੇ ਵਿਕਾਸ ਕਰੇਗਾ। ਓਹਨਾਂ ਜੋਰ ਦੇ ਕੇ ਕਿਹਾ ਕਿ ਇਹ ਉਦੋਂ ਹਕੀਕਤ ਬਣ ਸਕਦਾ ਹੈ ਜਦੋਂ

ਸਮਾਜ ਦਾ ਹਰ ਵਰਗ ਦੇਸ਼ ਦੇ ਵਿਕਾਸ ਵਿੱਚ ਹਿੱਸਾ ਲਵੇ . ਆਪਣੇ ਸੰਬੋਧਨ ‘ਚ ਪ੍ਰਧਾਨ ਮੰਤਰੀ ਨੇ ਸਮਾਜਿਕ ਤਬਦੀਲੀ ਵਿੱਚ ਔਰਤਾਂ ਦੀ ਅਗਵਾਈ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਨੇ ਔਰਤਾਂ ਦੀ ਸੁਰੱਖਿਆ ਲਈ ਸਖ਼ਤ ਕਾਨੂੰਨਾਂ ਅਤੇ ਨਾਰੀ ਸ਼ਕਤੀ ਵੰਦਨ ਅਧਿਨਿਯਮ ਬਾਰੇ ਵੀ ਗੱਲ ਕੀਤੀ ਜੋ ਭਾਰਤ ਦੀ ਲੋਕਰਾਜੀ ਪ੍ਰਕਿਰਿਆ ਵਿੱਚ ਔਰਤਾਂ ਦੀ ਅਗਵਾਈ ਨੂੰ ਯਕੀਨੀ ਬਣਾਉਂਦਾ ਏ ।

-----------------------------------------------------------

ਜ਼ਿਲ੍ਹਾ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਪੁਲਿਸ ਦੇ ਐਸ. ਐਸ. ਪੀ. ਅੰਮ੍ਰਿਤਸਰ ਦਿਹਾਤੀ ਚਰਨਜੀਤ ਸਿੰਘ, ਐਸ. ਡੀ. ਐਮ. ਅੰਮ੍ਰਿਤਸਰ-1 ਗੁਰਸਿਮਰਨ ਸਿੰਘ ਢਿੱਲੋਂ, ਜ਼ਿਲ੍ਹਾ ਖੇਤੀਬਾੜੀ ਅਫਸਰ ਤੇਜਿੰਦਰ ਸਿੰਘ ਅਤੇ ਹੋਰ ਅਧਿਕਾਰੀਆਂ ਨੇ ਜੰਡਿਆਲਾ ਗੁਰੂ ਦੇ ਪਿੰਡ ਬੰਡਾਲਾ, ਤਾਰਾਗੜ੍ਹ ਅਤੇ ਸਫੀਪੁਰ ਦਾ ਦੌਰਾ ਕੀਤਾ ਅਤੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਾਉਣ ਲਈ ਪ੍ਰੇਰਿਤ ਕੀਤਾ ਅਤੇ ਅੱਗ ਲਾਉਣ ਕਾਰਣ ਹੋਣ ਵਾਲੇ ਨੁਕਸਾਨ ਤੋਂ ਜਾਣੂ ਕਰਵਾਇਆ । ਜ਼ਿਲ੍ਹਾ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਹੋਰ ਅਧਿਕਾਰੀਆਂ ਸਮੇਤ

ਜੰਡਿਆਲਾ ਗੁਰੂ ਦੇ ਪਿੰਡ ਬੰਡਾਲਾ ਦੇ ਖੇਤਾਂ ਵਿਚ ਪੁੱਜੇ ਜਿਥੇ ਬੇਲਰ ਵਲੋਂ ਪਰਾਲੀ ਦੀਆਂ ਗੰਡਾਂ ਬਣਾਈਆਂ ਜਾਣੀਆਂ ਸਨ, ਇਸ ਮੌਕੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਤੋਂ ਗ਼ੁਰੇਜ਼ ਕਰਨ ਲਈ ਕਿਹਾ ਅਤੇ ਦੱਸਿਆ ਕਿ ਜਿਥੇ ਇਸ ਨਾਲ ਜ਼ਮੀਨ ਦੇ ਪੌਸ਼ਟਿਕ ਤੱਤ ਨਸ਼ਟ ਹੁੰਦੇ ਨੇ, ਉਥੇ ਇਸ ਦੀ ਉਪਜਾਊ ਸ਼ਕਤੀ ਵੀ ਘਟਦੀ ਹੈ ਤੇ ਉਥੇ ਮਿੱਤਰ ਕੀੜੇ ਵੀ ਮਰ ਜਾਂਦੇ ਨੇ .

---------------------------------------------------

ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਅਤੇ ਪਰਾਲੀ ਨੂੰ ਅੱਗ ਲਾਉਣ ਦੇ ਨੁਕਸਾਨ ਤੋਂ ਜਾਣੂ ਕਰਵਾਉਣ ਲਈ ਦੁੱਧਨਸਾਧਾਂ ਦੇ ਉਪ ਮੰਡਲ ਮੈਜਿਸਟੇਰਟ, ਕਿਰਪਾਲ ਵੀਰ ਸਿੰਘ ਨੇ ਪੁਲਿਸ ਦੇ ਉਪ ਕਪਤਾਨ ਰਾਜੇਸ਼ ਛਿੱਬੜ ਨੂੰ ਨਾਲ ਲੈ ਕੇ ਤਹਿਸੀਲ ਦੁੱਧਨਸਾਧਾਂ ਤਹਿਤ ਆਉਂਦੇ ਪਿੰਡਾਂ ਸਾਹਨੀਪੁਰ ਟਾਂਡਾ, ਅਲੀਪੁਰ ਵਜੀਰ ਸਾਹਿਬ, ਤਾਜਲਪੁਰ, ਐਹਰੂ ਕਲਾਂ, ਖਾਂਸਾ ਦਾ ਦੌਰਾ ਕੀਤਾ। ਇਸ ਦੌਰਾਨ ਐਸ. ਡੀ. ਐਮ. ਕਿਰਪਾਲ ਵੀਰ ਸਿੰਘ ਨੇ ਕਿਸਾਨਾਂ ਤੇ ਪਿੰਡਾਂ ਦੇ ਹੋਰਨਾਂ ਵਸਨੀਕਾਂ ਨੂੰ ਪਰਾਲੀ ਨੂੰ ਅੱਗ ਲਾਏ ਜਾਣ ਕਾਰਨ ਕਿਸਾਨਾਂ ਦਾ

ਖ਼ੁਦ ਦਾ ਅਤੇ ਧਰਤੀ ਸਮੇਤ ਪੌਣ-ਪਾਣੀ ਤੇ ਚੁਗਿਰਦੇ ਨੂੰ ਹੋ ਰਹੇ ਨੁਕਸਾਨ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਅਤੇ ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣ ਲਈ ਪੂਰੀ ਤਰ੍ਹਾਂ ਮਦਦ ਕਰੇਗੀ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਦੇ ਨਿਪਟਾਰੇ ਲਈ ਮਸ਼ੀਨਰੀ ਉਪਲਬਧ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ 'ਉੱਨਤ ਕਿਸਾਨ' ਮੋਬਾਇਲ ਐਪ ਬਣਾਈ ਗਈ ਏ ਤਾਂ ਜੋ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਦੇ ਪ੍ਰਬੰਧ (ਸੀ.ਆਰ.ਐਮ.) ਮਸ਼ੀਨਾਂ ਆਸਾਨੀ ਨਾਲ ਉਪਲਬਧ ਕਰਵਾਈਆਂ ਜਾ ਸਕਣ। ।ਇਸ ਤੋਂ ਇਲਾਵਾ ਐਸ.ਡੀ.ਐਮ ਨੇ ਮੰਡੀਆਂ ਦਾ ਵੀ ਦੌਰਾ ਕੀਤਾ ਅਤੇ ਖਰੀਦ ਪ੍ਰਬੰਧਾਂ ਦਾ ਜਾਇਜਾ ਲੈਂਦਿਆਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।

--------------------------------------------------

**ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਆਕਾਸ਼ਵਾਣੀ 'ਤੇ ਮਨ ਕੀ ਬਾਤ ਦੇ 114ਵੇਂ ਐਪੀਸੋਡ ‘ਚ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਆਉਣ ਵਾਲੇ ਤਿਉਹਾਰਾਂ ਦੇ ਸਮੇਂ ਦੌਰਾਨ ਮੇਡ ਇਨ ਇੰਡੀਆ ਉਤਪਾਦ ਖਰੀਦਣ ਦੀ ਅਪੀਲ ਕੀਤੀ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਮਹਾਰਾਸ਼ਟਰ ਵਿੱਚ 11 ਹਜ਼ਾਰ 200 ਕਰੋੜ ਰੁਪਏ ਤੋਂ ਵੱਧ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਰਾਸ਼ਟਰ ਨੂੰ ਸਮਰਪਿਤ ਕੀਤਾ .
- ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਸਾੜ੍ਹਨ ਤੋਂ ਰੋਕਣ ਲਈ ਲਗਾਤਾਰ ਅਪੀਲ ਕੀਤੀ ਜਾ ਰਹੀ ਏ.
- ਸੂਬੇ ਵਿਚ ਨਸ਼ਿਆਂ ਦੇ ਖਾਤਮੇ ਲਈ ਵਿਧੀ ਮੁਹਿੰਮ ਦੌਰਾਨ ਪੰਜਾਬ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ ਅਮ੍ਰਿਤਸਰ ਨੇ ਸਰਹੱਦ ਪਾਰੋਂ ਹੀਰੋਇਨ ਸਕਰੀ ਦੇ ਰੈਕੇਟ ਦਾ ਪਰਦਾਫਾਸ਼ ਕੀਤਾ ਏ .